ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 02 ਲੱਖ 09 ਹਜ਼ਾਰ 378 ਮੀਟਰਕ ਟਨ ਕਣਕ ਦੀ ਆਮਦ

02 ਲੱਖ 08 ਹਜ਼ਾਰ 399 ਮੀਟਰਕ ਟਨ ਕਣਕ ਦੀ ਖਰੀਦ

ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ ਜਾਰੀ ਕੀਤੇ 351 ਕਰੋੜ ਰੁਪਏ

01 ਲੱਖ 25 ਹਜ਼ਾਰ 343 ਮੀਟਰਕ ਟਨ ਕਣਕ ਦੀ ਲਿਫਟਿੰਗ

ਮੰਡੀਆਂ ਵਿੱਚ ਕੋਵਿਡ-19 ਤੋਂ ਬਚਾਅ ਲਈ ਕੀਤੇ ਗਏ ਪੁਖਤਾ ਪ੍ਰਬੰਧ

ਫ਼ਤਹਿਗੜ੍ਹ ਸਾਹਿਬ, 12 ਮਈ :

ਜਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 2 ਲਖ 09 ਹਜਾਰ 378 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਤੇ ਵਪਾਰੀਆਂ ਵੱਲੋਂ 2 ਲੱਖ 08 ਹਜ਼ਾਰ 399 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 351 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਅਤੇ ਮੰਡੀਆਂ ਵਿੱਚੋਂ 01 ਲੱਖ 25 ਹਜ਼ਾਰ 343 ਮੀਟਰਕ ਟਨ ਕਣਕ ਦੀ ਲਿਫਟਿੰਗ ਕਰਵਾਈ ਗਈ ਹੈ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 41,465 ਮੀਟਰਕ ਟਨ, ਮਾਰਕਫੈਡ ਵੱਲੋਂ 52720 ਮੀਟਰਕ ਟਨ, ਪਨਸਪ ਵੱਲੋਂ 48,148 ਮੀਟਰਕ ਟਨ, ਵੇਅਰ ਹਾਊਸ ਵੱਲੋਂ 33,426 ਮੀਟਰਕ ਟਨ, ਐਫ.ਸੀ.ਆਈ. ਵੱਲੋਂ 32,558 ਮੀਟਰਕ ਟਨ ਤੇ ਵਪਾਰੀਆਂ ਵੱਲੋਂ 82 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਕਣਕ ਦੀ ਖਰੀਦ ਦੌਰਾਨ ਕੋਵਿਡ-19 ਤੋਂ ਬਚਾਅ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਅਪਣਾਉਣ ਨੂੰ ਯਕੀਨੀ ਬਣਾਇਆ ਗਿਆ ਹੈ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ
ਹਿਮਾਂਯੂਪੁਰ(ਸਰਹਿੰਦ)ਦਾ ਸਾਰਾ ਇਲਾਕਾ ( ਮਏ ਬਾਜਾਰ) ਅਤੇ ਰੇਲਵੇ ਸਟੇਸ਼ਨ ਸਰਹਿੰਦ
ਦੇ ਨਾਲ ਲੱਗਦਾ ਸਾਰਾ ਇਲਾਕਾ ਪੂਰੀ ਤਰ੍ਹਾਂ ਬੰਦ ਰੱਖਣ ਦੇ ਹੁਕਮ

12 ਮਈ 2020 ਨੂੰ ਰਾਤ 12:00 ਵਜੇ ਤੋਂ ਮਿਤੀ 13.05.2020 ਨੂੰ ਰਾਤ 12:00 ਵਜੇ ਤੱਕ ਲਾਗੂ ਰਹਿਣਗੇ ਹੁਕਮ

ਫਤਹਿਗੜ੍ਹ ਸਾਹਿਬ, 12 ਮਈ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਫੌਜਦਾਰੀ ਜਾਬਤਾ ਸੰਘਤਾ 1973 ( 2 ਆਫ 1974) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਿਤੀ 13 ਮਈ 2020 ਨੂੰ ਹਿਮਾਂਯੂਪੁਰ(ਸਰਹਿੰਦ)ਦਾ ਸਾਰਾ ਇਲਾਕਾ ( ਮਏ ਬਾਜਾਰ) ਅਤੇ ਰੇਲਵੇ ਸਟੇਸ਼ਨ ਸਰਹਿੰਦ ਦੇ ਨਾਲ ਲੱਗਦਾ ਸਾਰਾ ਇਲਾਕਾ ਪੂਰੀ ਤਰ੍ਹਾਂ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਕਰਫਿਊ ਵਿੱਚ ਸਮੇਂ ਸਮੇਂ ਤੇ ਦਿੱਤੀਆਂ ਛੋਟਾਂ ਮਿਤੀ 13 ਮਈ 2020 ਨੂੰ ਇਨ੍ਹਾਂ ਇਲਾਕਿਆਂ ਵਿੱਚ ਲਾਗੂ ਨਹੀਂ ਹੋਣਗੀਆਂ।
ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਕੋਰੋਨਾ ਮਹਾਂਮਾਰੀ ਕਾਰਨ ਦੇਸ਼ ਭਰ ਵਿੱਚ ਬਹੁਤ ਸਾਰੇ ਪਰਵਾਸੀ ਮਜ਼ਦੂਰ, ਵਿਦਿਆਰਥੀ ਅਤੇ ਹੋਰ ਲੋਕ ਆਪਣੀਆਂ ਪੱਕੀਆਂ ਰਿਹਾਇਸ਼ਾਂ ਵਾਲੇ ਸਥਾਨਾਂ ਨੂੰ ਰੇਲ ਅਤੇ ਸੜਕੀ ਮਾਰਗਾਂ ਰਾਹੀਂ ਜਾ ਰਹੇ ਹਨ । ਇਸੇ ਲੜੀ ਤਹਿਤ 13 ਮਈ ਨੂੰ ਬਾਅਦ ਦੁਪਹਿਰ 04:00 ਵਜੇ ਇੱਕ ਰੇਲਗੱਡੀ ਸਰਹਿੰਦ ਜੰਕਸ਼ਨ ਤੋਂ ਮਨੀਪੁਰ ਲਈ ਅਤੇ ਇੱਕ ਹੋਰ ਰੇਲਗੱਡੀ ਰਾਤ 09:00 ਵਜੇ ਸਰਹਿੰਦ ਜੰਕਸ਼ਨ ਤੋਂ ਗੋਰਖਪੁਰ (ਉੱਤਰਪ੍ਰਦੇਸ਼) ਲਈ ਰਵਾਨਾ ਹੋਣੀ ਹੈ। ਕੋਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਹਰ ਤਰ੍ਹਾਂ ਦੀ ਅਹਿਤਿਹਾਤ ਵਰਤਣੀ ਅਤਿ ਜ਼ਰੂਰੀ ਹੈ ਜਿਸਦੇ ਮੱਦੇਨਜ਼ਰ 13 ਮਈ 2020 ਨੂੰ ਹਿਮਾਂਯੂਪੁਰ (ਸਰਹਿੰਦ) ਦਾ ਸਾਰਾ ਇਲਾਕਾ (ਮਏ ਬਾਜਾਰ) ਅਤੇ ਰੇਲਵੇ ਸਟੇਸ਼ਨ ਸਰਹਿੰਦ ਦੇ ਨਾਲ ਲੱਗਦਾ ਸਾਰਾ ਇਲਾਕਾ ਪੂਰੀ ਤਰ੍ਹਾਂ ਨਾਲ ਬੰਦ ਰੱਖਣਾ ਲਾਜ਼ਮੀ ਹੈ।ਇਹ ਹੁਕਮ 12 ਮਈ 2020 ਨੂੰ ਰਾਤ 12:00 ਵਜੇ ਤੋਂ ਮਿਤੀ 13.05.2020 ਨੂੰ ਰਾਤ 12:00 ਵਜੇ ਤੱਕ ਲਾਗੂ ਰਹਿਣਗੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਫੌਜ, ਪੈਰਾ ਮਿਲਟਰੀ ਤੇ ਪੁਲਿਸ ਬਲਾਂ ਵਿੱਚ ਭਰਤੀ ਲਈ ਟੈਸਟ ਦੀ ਆਨ ਲਾਈਨ ਤਿਆਰੀ 15 ਮਈ ਤੋਂ

ਆਨ ਲਾਈਨ ਸਿਖਲਾਈ ਸਬੰਧੀ ਵਧੇਰੇ ਜਾਣਕਾਰੀ ਲੈਣ ਵਾਸਤੇ ਸੀ ਪਾਈਟ ਸ਼ਹੀਦਗੜ੍ਹ ਦੇ ਕੈਂਪ ਇੰਚਾਰਜ ਗੁਰਿੰਦਰ ਸਿੰਘ ਦੇ ਮੋਬਾਇਲ ਨੰ: 98033-69068 'ਤੇ ਕੀਤਾ ਜਾ ਸਕਦੈ ਸੰਪਰਕ

ਫ਼ਤਹਿਗੜ੍ਹ ਸਾਹਿਬ, 12 ਮਈ

ਕੈਂਪ ਕਮਾਂਡੈਂਟ ਸੀ-ਪਾਇਟ ਸ਼ਹੀਦਗੜ੍ਹ ਬਸੀ ਪਠਾਣਾ ਸੇਵਾ ਮੁਕਤ ਕਰਨਲ ਐਸ.ਐਸ. ਭੁੱਲਰ ਨੇ ਦੱਸਿਆ ਕਿ ਮੌਜੂਦਾ ਹਾਲਾਤ ਨੂੰ ਵੇਖਦੇ ਹੋਏ ਫੌਜ ਪੈਰਾ ਮਿਲਟਰੀ ਅਤੇ ਪੁਲਿਸ ਬਲਾਂ ਵਿੱਚ ਭਰਤੀ ਹੋਣ ਲਈ ਪੂਰਵ ਚੋਣ ਸਿਖਲਾਈ ਦੇਣ ਵਾਸਤੇ 15 ਮਈ ਤੋਂ ਸੀ-ਪਾਈਟ ਕੈਂਪ ਸ਼ਹੀਦਗੜ੍ਹ, ਬਸੀ ਪਠਾਣਾ ਵੱਲੋਂ ਆਨ ਲਾਈਨ ਮਾਧਿਅਮ ਰਾਹੀਂ ਸਿਖਲਾਈ ਦੇਣ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ ਜੋ ਕਿ 02 ਮਹੀਨੇ ਚੱਲੇਗੀ। ਉਨ੍ਹਾਂ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨਾਲ ਸਬੰਧਤ ਨੌਜਵਾਨ ਸੀ-ਪਾਈਟ ਕੈਂਪ ਸ਼ਹੀਦਗੜ੍ਹ ਤੋਂ ਇਹ ਟ੍ਰੇਨਿੰਗ ਘਰ ਬੈਠੇ ਹੀ ਆਨ ਲਾਈਨ ਪ੍ਰਾਪਤ ਕਰ ਸਕਦੇ ਹਨ ਅਤੇ ਇਹ ਨੌਜਵਾਨ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਦੇ ਹਨ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੌਜ ਪੈਰਾ ਮਿਲਟਰੀ ਅਤੇ ਪੁਲਿਸ ਬਲਾਂ ਵਿੱਚ ਭਰਤੀ ਹੋਣ ਵਾਲੇ ਨੌਜਵਾਨਾਂ ਵਾਸਤੇ ਸਿਖਲਾਈ ਲੈਣ ਲਈ ਰੋਜ਼ਗਾਰ ਜਨਰੇਸ਼ਨ ਤੇ ਟਰੇਨਿੰਗ ਵਿਭਾਗ ਪੰਜਾਬ ਵੱਲੋਂ ਸੀ-ਪਾਈਟ ਕੈਂਪ ਚਲਾਏ ਜਾ ਰਹੇ ਹਨ। ਜਿਨ੍ਹਾਂ ਅਧੀਨ ਸਿਖਲਾਈ ਲੈ ਕੇ ਪੰਜਾਬ ਦੇ ਹਜਾਰਾਂ ਨੌਜਵਾਨਾਂ ਨੇ ਆਪਣਾ ਭਵਿੱਖ ਸਵਾਰਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਪੰਜਾਬ ਦੇ ਪੇਂਡੂ ਖੇਤਰ ਨਾਲ ਸਬੰਧਤ ਬੇਰੋਜ਼ਗਾਰ ਨੌਜਵਾਨਾਂ ਨੂੰ ਆਰਮੀ, ਪੈਰਾ ਮਿਲਟਰੀ ਫੋਰਸ ਅਤੇ ਪੁਲਿਸ ਬਲਾਂ ਵਿੱਚ ਭਰਤੀ ਹੋਣ ਵਾਸਤੇ ਫਿਜੀਕਲ ਤੇ ਲਿਖਤੀ ਪ੍ਰੀਖਿਆ ਦੀ ਸਿਖਲਾਈ ਦੇਣਾ ਹੈ।

ਸ. ਭੁੱਲਰ ਨੇ ਦੱਸਿਆ ਕਿ ਆਨ ਲਾਈਨ ਸਿਖਲਾਈ ਸਬੰਧੀ ਵਧੇਰੇ ਜਾਣਕਾਰੀ ਲੈਣ ਵਾਸਤੇ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਕੈਂਪ ਇੰਚਾਰਜ ਸੀ ਪਾਈਟ ਸ਼ਹੀਦਗੜ੍ਹ ਸ. ਗੁਰਿੰਦਰ ਸਿੰਘ ਦੇ ਮੋਬਾਇਲ ਫੋਨ 98033-69068 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਵਿਧਾਇਕ ਨਾਗਰਾ ਨੇ ਸੜਕ ਦੀ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ

ਪਿੰਡ ਭਗੜਾਣਾ ਤੋਂ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਂਵੀ ਤੱਕ ਦੀ 01.25 ਕਿਲੋਮੀਟਰ ਸੜਕ ਦੀ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ 'ਤੇ ਖਰਚੇ ਜਾ ਰਹੇ ਨੇ 15 ਲੱਖ ਰੁਪਏ

ਸੜਕ ਦੇ ਨਿਰਮਾਣ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਨੇ ਸਾਰੀਆਂ ਸਾਵਧਾਨੀਆਂ

ਫਤਹਿਗੜ੍ਹ ਸਾਹਿਬ, 12 ਮਈ
ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਪਿੰਡ ਭਗੜਾਣਾ ਤੋਂ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਂਵੀ ਤੱਕ ਦੀ 01.25 ਕਿਲੋਮੀਟਰ ਸੜਕ ਦੀ ਵਿਸ਼ੇਸ਼ ਮੁਰੰਮਤ ਅਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਊਂਦਿਆਂ ਕਿਹਾ ਕਿ ਇਸ ਸੜਕ ਦੀ ਵਿਸੇਸ਼ ਮੁਰੰਮਤ ਹੋਣ ਨਾਲ ਇੱਥੋਂ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ ਉੱਤੇ 15 ਲੱਖ ਰੁਪਏ ਖਰਚੇ ਜਾ ਰਹੇ ਹਨ।
ਸ.ਨਾਗਰਾ ਨੇ ਦੱਸਿਆ ਕਿ ਇਹ ਸੜਕ ਕਾਫੀ ਅਹਿਮ ਸੜਕ ਹੈ ਕਿਉਂਕਿ ਇਸ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਦੂਰੋ ਦੂਰੋਂ ਸੰਗਤ ਆਉਂਦੀ ਹੈ ਇਸ ਸੜਕ ਦੇ ਬਨਣ ਨਾਲ ਲੋਕਾਂ ਦੀਆਂ ਆਵਾਜਾਈ ਸਬੰਧੀ ਵੱਡੀਆਂ ਮੁਸ਼ਕਲਾਂ ਹੱਲ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਕਾਰਜ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਨੇ ਲੋਕਾ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਇਸ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।
ਇਸ ਮੌਕੇ ਕਾਰਜ਼ਕਾਰੀ ਇੰਜਨੀਅਰ ਮਨਪ੍ਰੀਤ ਸਿੰਘ ਦੂਆ, ਜੇ.ਈ.ਅਮਰਜੀਤ ਸਿੰਘ, ਜ਼ਿਲ੍ਹਾ ਪਰੀਸਦ ਮੈਂਬਰ ਜਸਬੀਰ ਸਿੰਘ ਭਗੜਾਣਾ, ਸਰਪੰਚ ਗੁਰਬਿੰਦਰ ਸਿੰਘ ਭਗੜਾਣਾ, ਸਹਿਕਾਰੀ ਸਭਾ ਭਗੜਾਣਾ ਦੇ ਪ੍ਰਧਾਨ ਸੱਜਣ ਸਿੰਘ ਗਿੱਲ, ਪੰਚ ਜਸਪਾਲ ਸਿੰਘ, ਗੁਰਦਿੱਤ ਸਿੰਘ,ਹਰਪ੍ਰੀਤ ਸਿੰਘ , ਸੁੱਚਾ ਸਿੰਘ, ਹਰਜੰਗ ਸਿੰਘ ਤੇ ਅਸ਼ੋਕ ਕੁਮਾਰ ਹਾਜ਼ਰ ਸਨ।

ਫੋਟੋ ਕੈਪਸ਼ਨ : ਵਿਧਾਇਕ ਕੁਲਜੀਤ ਸਿੰਘ ਨਾਗਰਾ ਸੜਕ ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਂਦੇ ਹੋਏ।